# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਦੁਕਾਨਦਾਰਾਂ ਵੱਲੋਂ ਨਗਰ ਨਿਗਮ ਦੀ ਜਗ੍ਹਾ ਤੇ ਰੱਖੇ ਸਮਾਨ ਨੂੰ ਕਬਜੇ ਵਿੱਚ ਲਿਆ.....ਕਾਰਜ ਸਾਧਕ ਅਫ਼ਸਰ

## ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ

ਹੁਸ਼ਿਆਰਪੁਰ 19 ਮਈ- ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਸਪੈਕਟਰ ਸੰਜੀਵ ਅਰੋੜਾ ਦੀ ਅਗਵਾਈ ਵਿਚ ਅੱਜ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿਚ ਦੁਕਾਨਦਾਰਾਂ ਵਲੋਂ ਸੜਕਾਂ ਤੇ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਜਿਸ ਤਹਿਤ ਤਹਿਬਜਾਰੀ ਦੀ ਟੀਮ ਵਲੋਂ ਵੱਖ ਵੱਖ ਬਜਾਰਾਂ ਫਗਵਾੜਾ ਰੋਡ, ਜਲੰਧਰ ਰੋਡ, ਬੱਸ ਸਟੈਂਡ ਦੇ ਆਸ-ਪਾਸ, ਰੋਸ਼ਨ ਰੋਡ ਅਤੇ ਘੰਟਾ ਘਰ ਵਿਖੇ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਇਆ ਅਤੇ ਕੁੱਝ ਦੁਕਾਨਦਾਰਾਂ ਦਾ ਸਮਾਨ ਕਬਜੇ ਵਿੱਚ ਲਿਆ। ਉਹਨਾਂ ਨੇ ਦੁਕਾਨਦਾਰਾਂ ਨੂੰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਦੀ ਹਦਾਇਤ ਵੀ ਕੀਤੀ।

ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਵਿਚ ਹੋ ਰਹੀ ਟਰੈਫਿਕ ਦੀ ਸਮੱਸਿਆ ਨੂੰ ਘਟਾਉਣ ਲਈ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਦੀ ਮੁਹਿੰਮ ਚਲਾਈ ਗਈ ਹੈ ਉਹਨਾਂ ਕਿਹਾ ਕਿ ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਕਿਉਂਕਿ ਇਸ ਨਾਲ ਸੜਕਾਂ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਦਿੱਕਤ ਪੇਸ਼ ਆਉਂਦੀ ਹੈ ਅਤੇ ਸੜਕੀ ਆਵਜਾਈ ਵਿਚ ਰੁਕਾਵਟ ਪੈਂਦੀ ਹੈ। ਇੰਸਪੈਕਟਰ ਸੰਜੀਵ ਅਰੋੜਾ ਦੀ ਅਗਵਾਈ ਵਿਚ ਨਜਾਇਜ ਕਬਜੇ ਹਟਾਉਣ ਲਈ ਗਈ ਟੀਮ ਵਿਚ ਇੰਸਪੈਕਟਰ ਸੁਰਜੀਤ ਬਹਿਲ, ਅਮਿਤ ਕੁਮਾਰ, ਦੀਪਕ ਕੁਮਾਰ, ਸੰਨੀ ਅਤੇ ਸੁਖਜੀਤ ਸਿੰਘ ਸ਼ਾਮਿਲ ਸਨ।